03-JAN-Page-BTD.qxd 1/3/2022 11:49 PM Page 1

ਹਨੂੰਮਾਨ ਚੌਕ ਵਿਖੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲਾ ਫੂਕਦੇ ਹੋਏ ਕਿਸਾਨ। ਤਸਵੀਰ : ਲਵਲੀ

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਰੋਸ ਮੁਜ਼ਾਹਰੇ ਉਪਰੰਤ ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਦੇ ਫੂਕੇ ਪੁਤਲੇ

ਬਠਿੰਡਾ, 3 ਜਨਵਰੀ (ਪ੍ਰੀਤਪਾਲ ਸਿੰਘ ਰੋਮਾਣਾ)-ਪੰਜਾਬ ਸਰਕਾਰ ਦੁਆਰਾ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਾ ਕਰਨ, ਕਿਸਾਨ ਆਗੂਆਂ ਨਾਲ ਮੀਟਿੰਗਾਂ ਵਾਰ-ਵਾਰ ਰੱਦ ਕਰਨ ਅਤੇ ਕੇਂਦਰ ਸਰਕਾਰ ਵਲੋਂ ਕਿਸਾਨ ਆਗੂਆਂ ਨਾਲ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕਰਨ ਦੇ ਵਿਰੋਧ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਠਿੰਡਾ ਚੱਲ ਰਹੇ ਮੋਰਚੇ ਵਲੋਂ ਅੱਜ ਬਠਿੰਡਾ ਸ਼ਹਿਰ ਵਿਚ ਰੋਸ ਮੁਜ਼ਾਹਰਾ ਕਰਕੇ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਨੂੰਮਾਨ ਚੌਕ ਵਿਖੇ ਪੁਤਲੇ ਫੂਕੇ ਗਏ। ਇਸ ਮੌਕੇ ਸ਼ਿੰਗਾਰਾ ਸਿੰਘ ਮਾਨ, ਮੱਠੂ ਸਿੰਘ ਕੋਟੜਾ, ਹਰਜਿੰਦਰ ਸਿੰਘ ਬੱਗੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵਲੋਂ ਕਿਸਾਨਾਂ ਨਾਲ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਅਤੇ ਰਹਿੰਦੀਆਂ ਮੰਗਾਂ ਸਬੰਧੀ ਮੀਟਿੰਗ ਤੋਂ ਕੀਤੀ ਢਿੱਲ ਖ਼ਿਲਾਫ਼ ਕਿਸਾਨਾਂ ਦਾ ਗੁੱਸਾ ਵੱਧ ਰਿਹਾ ਹੈ। ਮੰਗਾਂ ਤੋਂ ਇਲਾਵਾ ਕੀਤੇ ਸਮਝੌਤੇ ਅਨੁਸਾਰ ਮੰਨੀਆਂ ਹੋਈਆਂ ਮੰਗਾਂ ਨਾ ਲਾਗੂ ਕਰਨ ਦੇ ਵਿਰੋਧ ਵਿਚ ਜ਼ਿਲ੍ਹੇ ਦੇ ਪਿੰਡਾਂ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ 55 ਪਿੰਡਾਂ ਸਮੇਤ ਦੋਨੋਂ ਦਿਨਾਂ ਵਿਚ ਕੁੱਲ 119 ਅਰਥੀਆਂ ਸਾੜੀਆਂ ਗਈਆਂ। ਇਸ ਤੋਂ ਬਾਅਦ ਪੰਜ ਜਨਵਰੀ ਨੂੰ ਜ਼ਿਲ੍ਹਾ ਹੈੱਡਕੁਆਟਰ 'ਤੇ ਨਰਿੰਦਰ ਮੋਦੀ ਦਾ ਵੱਡਾ ਬੁੱਤ ਬਣਾ ਕੇ ਸਾੜਿਆ ਜਾਵੇਗਾ। ਇਸ ਮੌਕੇ ਬਸੰਤ ਸਿੰਘ ਕੋਠਾ ਗੁਰੂ, ਹਰਿਦਰ ਕੌਰ ਬਿੰਦੂ, ਪਰਮਜੀਤ ਕੌਰ ਪਿੱਥੋ ਅਤੇ ਪਰਮਜੀਤ ਕੌਰ ਕੋਟੜਾ, ਜਸਵੀਰ ਸਿੰਘ ਆਗੂ ਮੌਜੂਦ ਸਨ।

ਅਰਜੁਨਾ ਐਵਾਰਡ ਜੇਤੂ ਸੁਖਪਾਲ ਸਿੰਘ ਬਰਾੜ 'ਪਾਲੀ' ਦੀ ਭਾਰਤ ਸਰਕਾਰ ਵਲੋਂ ਆਈ.ਪੀ.ਐੱਸ. ਵਜੋਂ ਨਿਯੁਕਤੀ

ਬਠਿੰਡਾ, 3 ਜਨਵਰੀ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਭਾਰਤੀ ਵਾਲੀਵਾਲ ਟੀਮ ਦੇ ਕਪਤਾਨ ਰਹੇ ਤੇ ਅਰਜੁਨਾ ਐਵਾਰਡ ਜੇਤੂ ਸੁਖਪਾਲ ਸਿੰਘ ਬਰਾੜ 'ਪਾਲੀ' ਦੀ ਭਾਰਤ ਸਰਕਾਰ ਵਲੋਂ ਕੀਤੀ ਆਈ.ਪੀ.ਐੱਸ. ਵਜੋਂ ਨਿਯੁਕਤੀ ਕੀਤੀ ਗਈ ਹੈ, ਜਿਸ ਮਗਰੋਂ ਵਾਲੀਵਾਲ ਖੇਡ ਜਗਤ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਸੁਖਪਾਲ ਸਿੰਘ ਪਾਲੀ ਦੇਸ਼ ਦੇ ਬਹੁਚਰਚਿਤ ਖਿਡਾਰੀ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਭਾਰਤੀ ਟੀਮ ਨੇ ਏਸ਼ਿਆਈ ਖੇਡਾਂ ਵਿਚ ਚਾਂਦੀ ਦਾ ਤਗਮਾ ਜਿੱਤਿਆ ਸੀ। ਉਨ੍ਹਾਂ ਦੀ ਉਕਤ ਨਿਯੁਕਤੀ 'ਤੇ ਪੰਜਾਬ ਵਾਲੀਵਾਲ ਐਸੋਸੀਏਸ਼ਨ ਦੇ ਪ੍ਰਧਾਨ ਤੇ ਭਾਰਤੀ ਵਾਲੀਵਾਲ ਫੈਡਰੇਸ਼ਨ ਦੇ ਮੀਤ ਪ੍ਰਧਾਨ ਕੁਸ਼ਲਦੀਪ ਸਿੰਘ ਢਿੱਲੋਂ 'ਕਿੰਕੀ' ਚੇਅਰਮੈਨ ਮਾਰਕਫੈਡ ਪੰਜਾਬ, ਵਾਲੀਵਾਲ ਐਸੋਸੀਏਸ਼ਨ ਦੇ ਚੇਅਰਮੈਨ ਹਰਚਰਨ ਸਿੰਘ ਭੁੱਲਰ ਆਈ.ਪੀ.ਐੱਸ., ਐੱਸ.ਐੱਸ.ਪੀ ਪਟਿਆਲਾ, ਗੁਰਪ੍ਰੀਤ ਸਿੰਘ ਪੀਰਕੋਟ ਮੀਤ ਪ੍ਰਧਾਨ, ਹਰਮਿੰਦਰ ਸਿੰਘ ਮਿਨਹਾਸ, ਐੱਸ.ਐੱਸ. ਬਰਾੜ ਸਾਬਕਾ ਚੇਅਰਮੈਨ ਬਿਜਲੀ ਬੋਰਡ, ਗੁਰਜੰਟ ਸਿੰਘ ਸਕੱਤਰ ਬਾਸਕਿਟਬਾਲ, ਮੀਤ ਪ੍ਰਧਾਨ ਮਨਜੀਤ ਸਿੰਘ ਦਸੂਹਾ, ਇੰਜ: ਹਰਬੇਲ ਸਿੰਘ ਧਾਲੀਵਾਲ, ਮੀਤ ਪ੍ਰਧਾਨ ਇੰਜ: ਰਘੁਰੀਤ ਸਿੰਘ ਬਰਾੜ, ਮਦਨ ਲਾਲ ਕਬੱਡੀ ਕੋਚ, ਡੀਨ ਪ੍ਰੋ: ਜਸਬੀਰ ਸਿੰਘ ਸਿੱਧੂ, ਸੀਨੀਅਰ ਮੀਤ ਪ੍ਰਧਾਨ ਇੰਜ: ਕਰਨੈਲ ਸਿੰਘ ਮਾਨ, ਨਾਇਬ ਸਿੰਘ ਬਰਾੜ, ਹਰਿੰਦਰ ਸਿੰਘ ਮੰਡੀਕਲਾਂ, ਜਸਪ੍ਰੀਤ ਡਾਲਰ, ਮਹਿੰਦਰ ਸਿੰਘ ਬਾਂਡੀ ਖਜ਼ਾਨਚੀ, ਵਾਲੀਵਾਲ ਕੋਚ ਗੁਰਪਾਲ ਸਿੰਘ ਗਰੇਵਾਲ, ਹਰਪ੍ਰੀਤ ਸਿੰਘ ਵਾਲੀਵਾਲ ਕੋਚ, ਡੀ.ਐੱਸ.ਓ. ਪਰਮਿੰਦਰ ਸਿੰਘ, ਮੰਨੂ ਬਡਰੁੱਖਾ ਪ੍ਰਧਾਨ ਸੰਗਰੂਰ, ਗੁਰਜੰਟ ਸਿੰਘ ਸਕੱਤਰ ਸੰਗਰੂਰ, ਗੁਰਬੀਰ ਸਿੰਘ ਪ੍ਰਧਾਨ ਮਾਨਸਾ, ਦਰਸ਼ਨ ਸਿੰਘ ਸਕੱਤਰ ਮਾਨਸਾ, ਅੰਤਰਰਾਸ਼ਟਰੀ ਵਾਲੀਵਾਲ ਖਿਡਾਰੀ ਪ੍ਰਿਤਪਾਲ ਸਿੰਘ ਸਕੱਤਰ ਪਟਿਆਲਾ, ਸਿਮਰਜੀਤ ਸਕੱਤਰ ਬਰਨਾਲਾ, ਰਾਸ਼ਟਰੀ ਵਾਲੀਵਾਲ ਖਿਡਾਰੀ ਅਵਤਾਰ ਮਿੱਠੀ, ਸ਼ਮੀ ਜੋਧਪੁਰ, ਬੋਹੜ ਸਿੰਘ, ਲਖਵਿੰਦਰ ਸਿੰਘ, ਇਕਬਾਲ ਸਿੰਘ ਟਿਵਾਣਾ ਘੁੱਦਾ, ਸੁਖਦਰਸ਼ਨ ਪੰਨੂੰ ਘੁੱਦਾ, ਚੇਅਰਮੈਨ ਹਰਮੇਲ ਸਿੰਘ ਢਿੱਲੋਂ, ਸੰਦੀਪ ਬੋਬੀ ਕੌਂਸਲਰ ਬਠਿੰਡਾ, ਦਲ ਸਿੰਘ ਬਰਾੜ ਵਾਲੀਵਾਲ ਕੋਚ ਤੇ ਸਮੂਹ ਵਾਲੀਵਾਲ ਖਿਡਾਰੀਆਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

ਸੁਖਪਾਲ ਸਿੰਘ ਪਾਲੀ

ਅਧਿਆਪਕ ਵਿਰੁੱਧ ਕਾਰਵਾਈ ਦੀ ਮੰਗ ਨੂੰ ਲੈ ਕੇ ਸਕੂਲ ਅੱਗੇ ਨਾਅਰੇਬਾਜ਼ੀ ਕਰਦੇ ਪਿੰਡ ਵਾਸੀ।

ਸਰਕਾਰੀ ਸਕੂਲ 'ਚ ਪੜ੍ਹਾਉਂਦੇ ਅਧਿਆਪਕ ਤੇ ਵਿਦਿਆਰਥੀਆਂ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਲੱਗੇ ਕਥਿਤ ਦੋਸ਼

ਪਿੰਡ ਵਾਸੀਆਂ ਵਲੋਂ ਨਾਅਰੇਬਾਜ਼ੀ

ਤਲਵੰਡੀ ਸਾਬੋ, 3 ਜਨਵਰੀ (ਰਣਜੀਤ ਸਿੰਘ ਰਾਜੂ)-ਸਬ ਡਵੀਜ਼ਨ ਤਲਵੰਡੀ ਸਾਬੋ ਦੇ ਪਿੰਡ ਨਸੀਬਪੁਰਾ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਚ ਪ੍ਰਾਈਵੇਟ ਤੌਰ 'ਤੇ ਪੜ੍ਹਾਉਣ ਆਉਂਦੇ ਇਕ ਅਧਿਆਪਕ ਤੇ ਸਕੂਲ ਦੇ ਹੀ ਵਿਦਿਆਰਥੀਆਂ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਕਥਿਤ ਦੋਸ਼ ਲਾਉਂਦਿਆਂ ਭੜਕੇ ਕੁਝ ਪਿੰਡ ਵਾਸੀਆਂ ਨੇ ਸਕੂਲ ਅੱਗੇ ਨਾਅਰੇਬਾਜ਼ੀ ਕਰਦੇ ਹੋਏ ਸਕੂਲ ਅਧਿਆਪਕ 'ਤੇ ਸਖ਼ਤ ਕਰਵਾਈ ਦੀ ਮੰਗ ਕੀਤੀ ਹੈ। ਅਧਿਆਪਕ ਖ਼ਿਲਾਫ਼ ਸ਼ਿਕਾਇਤ ਮਿਲਣ ਤੇ ਪੁਲਿਸ ਮਾਮਲੇ ਦੀ ਜਾਂਚ ਕਰਕੇ ਬਣਦੀ ਕਾਰਵਾਈ ਕਰਨ ਦੀ ਗੱਲ ਕਹਿ ਰਹੀ ਹੈ। ਜਾਣਕਾਰੀ ਅਨੁਸਾਰ ਪਿੰਡ ਨਸੀਬਪੁਰਾ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ ਪੜ੍ਹਾਉਂਦੇ ਇਕ ਪ੍ਰਾਈਵੇਟ ਅਧਿਆਪਕ ਤੇ ਪਿੰਡ ਵਾਸੀਆਂ ਨੇ ਉਨ੍ਹਾਂ ਦੇ ਬੱਚਿਆਂ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਕਥਿਤ ਦੋਸ਼ ਲਗਾਏ ਹਨ। ਪਿੰਡ ਵਾਸੀਆਂ ਨੇ ਅੱਜ ਇਕੱਠੇ ਹੋ ਕੇ ਸਕੂਲ ਦੇ ਅੱਗੇ ਨਾਅਰੇਬਾਜ਼ੀ ਵੀ ਕੀਤੀ ਤੇ ਅਧਿਆਪਕ ਖ਼ਿਲਾਫ਼ ਸਖ਼ਤ ਕਰਵਾਈ ਦੀ ਮੰਗ ਕੀਤੀ। ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਇਹ ਗੱਲ ਉਦੋਂ ਸਾਹਮਣੇ ਆਈ ਜਦੋਂ ਪਿਛਲੇ ਦਿਨੀਂ ਕੁਝ ਬੱਚਿਆਂ ਨੇ ਸਕੂਲ ਜਾਣ ਤੋਂ ਇਨਕਾਰ ਕਰ ਦਿੱਤਾ ਤਾਂ ਮਾਪਿਆਂ ਵਲੋਂ ਪੁੱਛਣ 'ਤੇ ਉਨ੍ਹਾਂ ਨੇ ਉਕਤ ਅਧਿਆਪਕ ਵਲੋਂ ਕੀਤੇ ਜਾਂਦੇ ਕਥਿਤ ਸਰੀਰਕ ਸ਼ੋਸ਼ਣ ਬਾਰੇ ਦੱਸਿਆ। ਪਿੰਡ ਵਾਸੀਆਂ ਨੇ ਜਿਥੇ ਅਧਿਆਪਕ ਖ਼ਿਲਾਫ਼ ਥਾਣਾ ਤਲਵੰਡੀ ਸਾਬੋ ਵਿਖੇ ਸ਼ਿਕਾਇਤ ਦਰਜ ਕਰਵਾ ਕੇ ਕਾਰਵਾਈ ਦੀ ਮੰਗ ਕੀਤੀ ਉਥੇ ਹੀ ਸਰਕਾਰ ਤੋਂ ਸਕੂਲ ਦੇ ਸਮੂਹ ਸਟਾਫ਼ ਨੂੰ ਬਦਲ ਕੇ ਸਕੂਲ ਵਿਚ ਹੋਰ ਸਟਾਫ਼ ਤੈਨਾਤ ਕਰਨ ਦੀ ਮੰਗ ਵੀ ਕੀਤੀ। ਉੱਧਰ ਸਕੂਲ ਦੀ ਮੁੱਖ ਅਧਿਆਪਕਾ ਰਿੰਪੀ ਰਾਣੀ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਮਾਮਲੇ ਬਾਰੇ ਬਿਲਕੁਲ ਪਤਾ ਨਹੀਂ ਸੀ ਪਰ ਅੱਜ ਮਾਪਿਆਂ ਤੋਂ ਇਸ ਬਾਰੇ ਪਤਾ ਲੱਗਦਿਆਂ ਹੀ ਉਕਤ ਅਧਿਆਪਕ ਨੂੰ ਸਕੂਲ ਤੋਂ ਬਾਹਰ ਕਰ ਦਿੱਤਾ ਗਿਆ ਹੈ। ਉਧਰ ਥਾਣਾ ਤਲਵੰਡੀ ਸਾਬੋ ਦੇ ਮੁਖੀ ਰਵਿੰਦਰ ਸਿੰਘ ਅਨੁਸਾਰ ਉਨ੍ਹਾਂ ਨੂੰ ਪਿੰਡ ਵਾਸੀਆਂ ਨੇ ਇੱਕ ਅਧਿਆਪਕ ਦੀ ਸ਼ਿਕਾਇਤ ਕੀਤੀ ਹੈ ਜਿਸ ਦੀ ਜਾਂਚ ਜਾਰੀ ਹੈ ਅਤੇ ਜਾਂਚ ਉਪਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ।

ਮੌੜ ਮੰਡੀ ਵਿਖੇ ਸਕੂਲ ਵੈਨ ਤੇ ਟਰੈਕਟਰ ਟਰਾਲੀ ਵਿਚ ਟੱਕਰ

ਇਕ ਵਿਦਿਆਰਥਣ ਦੀ ਮੌਤ, ਡਰਾਈਵਰ ਸਮੇਤ 3 ਵਿਦਿਆਰਥਣਾਂ ਜ਼ਖ਼ਮੀ

ਮੌੜ ਮੰਡੀ, 3 ਜਨਵਰੀ (ਗੁਰਜੀਤ ਸਿੰਘ ਕਮਾਲੂ)-ਅੱਜ ਸਵੇਰ ਤੜਕਸਾਰ ਸਕੂਲ ਵੈਨ ਅਤੇ ਟਰੈਕਟਰ ਟਰਾਲੀ ਵਿਚਕਾਰ ਹੋਏ ਇਕ ਭਿਆਨਕ ਸੜਕ ਹਾਦਸੇ ਵਿਚ ਇਕ ਸਕੂਲੀ ਬੱਚੀ ਦੀ ਮੌਤ ਹੋ ਗਈ ਜਦਕਿ ਡਰਾਈਵਰ ਸਮੇਤ 3 ਵਿਦਿਆਰਥਣਾਂ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਈਆਂ। ਪ੍ਰਾਪਤ ਜਾਣਕਾਰੀ ਅਨੁਸਾਰ ਆਦਰਸ਼ ਸਕੂਲ ਰਾਮਨਗਰ ਦੀ ਸਕੂਲ ਵੈਨ ਪਿੰਡ ਰਾਜਗੜ੍ਹ ਕੁੱਬੇ ਤੋਂ ਬੱਚਿਆਂ ਨੂੰ ਲੈ ਕੇ ਜਾ ਰਹੀ ਸੀ ਤਾਂ 8:15 ਦੇ ਕਰੀਬ ਮੌੜ ਤਲਵੰਡੀ ਰੋਡ ਰੇਲਵੇ ਓਵਰਬ੍ਰਿਜ ਕੋਲ ਇਹ ਵੈਨ ਦੀ ਸਾਹਮਣੇ ਤੋਂ ਆ ਰਹੀ ਇਕ ਟਰੈਕਟਰ ਟਰਾਲੀ ਨਾਲ ਟੱਕਰ ਹੋ ਗਈ ਜਿਸ ਕਾਰਨ ਬੱਚਿਆਂ ਨੂੰ ਕਾਫੀ ਗੰਭੀਰ ਸੱਟਾਂ ਲੱਗੀਆਂ ਤੇ ਇੱਕ ਵਿਦਿਆਰਥਣ ਮਨਜੋਤ ਕੌਰ ਪੁੱਤਰੀ ਅਮਨਦੀਪ ਸਿੰਘ ਵਾਸੀ ਰਾਜਗੜ੍ਹ ਕੁੱਬੇ ਜੋ ਕਿ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜ਼ਖ਼ਮੀ ਬੱਚਿਆਂ ਨੂੰ ਲੋਕਾਂ ਨੇ ਇਕ ਨਿੱਜੀ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ। ਜਿੰਨਾ ਨੂੰ ਬਾਅਦ ਵਿਚ ਬਠਿੰਡਾ ਰੈਫਰ ਕਰ ਦਿੱਤਾ ਗਿਆ ਹੈ। ਮ੍ਰਿਤਕ ਬੱਚੀ ਮਨਜੋਤ ਕੌਰ ਦਾ ਪੋਸਟ ਮਾਰਟਮ ਕਰਵਾਉਣ ਤੋਂ ਬਾਅਦ ਉਸ ਦਾ ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿਚ ਕਰ ਦਿੱਤਾ ਗਿਆ।

ਮੌੜ ਮੰਡੀ ਵਿਖੇ ਹਾਦਸੇ ਦਾ ਸ਼ਿਕਾਰ ਹੋਈ ਮੰਦਭਾਗੀ ਬੱਸ ਅਤੇ (ਇਨਸੈੱਟ) ਮ੍ਰਿਤਕ ਵਿਦਿਆਰਥਣ ਮਨਜੋਤ ਕੌਰ ਦੀ ਫਾਈਲ ਤਸਵੀਰ।

ਬਠਿੰਡਾ ਨਗਰ ਨਿਗਮ ਹਾਊਸ ਦੀ ਮੀਟਿੰਗ ਦੌਰਾਨ ਮੇਅਰ ਤੇ ਆਪਣੀ ਗੱਲ ਰੱਖਦੇ ਹੋਏ ਕੌਂਸਲਰ ਹਰਪਾਲ ਸਿੰਘ ਢਿੱਲੋਂ। ਤਸਵੀਰਾਂ: ਲਵਲੀ

ਨਗਰ ਨਿਗਮ ਹਾਊਸ ਦੇ ਜਨਰਲ ਹਾਊਸ ਦੀ ਮੀਟਿੰਗ 'ਚ ਸਪਲੀਮੈਂਟਰੀ ਏਜੰਡੇ ਸਮੇਤ 15 ਏਜੰਡੇ ਪਾਸ

ਬਠਿੰਡਾ, 3 ਜਨਵਰੀ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਅੱਜ ਬਠਿੰਡਾ ਨਗਰ ਨਿਗਮ ਦੇ ਜਨਰਲ ਹਾਊਸ ਦੀ ਮੀਟਿੰਗ ਦੌਰਾਨ ਸਪਲੀਮੈਂਟਰੀ ਏਜੰਡੇ ਸਮੇਤ ਕੁਲ 15 ਏਜੰਡਿਆਂ ਨੂੰ ਪਾਸ ਕਰ ਦਿੱਤਾ ਗਿਆ। ਹਾਲਾਂਕਿ ਸਪਲੀਮੈਂਟਰੀ ਏਜੰਡੇ 'ਤੇ ਹਾਜ਼ਰੀਨ ਕੌਂਸਲਰਾਂ ਦੀ ਕੋਈ ਰਾਇ ਨਹੀਂ ਲਈ ਗਈ ਅਤੇ ਨਾ ਹੀ ਕੌਂਸਲਰਾਂ ਨੂੰ ਸਪਲੀਮੈਂਟਰੀ ਏਜੰਡੇ ਦੀ ਕਾਪੀ ਮੌਕੇ 'ਤੇ ਦਿੱਤੀ ਗਈ, ਜਿਸ ਨੂੰ ਲੈ ਕੇ ਕੁਝ ਕੌਂਸਲਰਾਂ ਨੇ ਇਤਰਾਜ਼ ਵੀ ਜਤਾਇਆ। ਨਗਰ ਨਿਗਮ ਦੀ ਮਾਲਕੀ ਵਾਲੀਆਂ ਦੁਕਾਨਾਂ ਦੇ ਪਿਛਲੇ 12 ਸਾਲ ਤੋਂ ਵੱਧ ਸਮੇਂ ਵਾਲੇ ਕਿਰਾਏਦਾਰਾਂ/ਕਬਜ਼ਾਕਾਰਾਂ ਨੂੰ ਦੁਕਾਨਾਂ ਦੀਆਂ ਛੱਤਾਂ ਦੇਣ ਸਬੰਧੀ ਫ਼ੈਸਲਾ 5 ਮੈਂਬਰੀ ਕਮੇਟੀ 'ਤੇ ਛੱਡ ਦਿੱਤਾ ਗਿਆ, ਜੋ ਵੱਖਰੀ ਮੀਟਿੰਗ ਕਰਕੇ ਫ਼ੈਸਲਾ ਦੇਵੇਗੀ। ਹਾਲਾਂਕਿ ਪੰਜਾਬ ਸਰਕਾਰ ਦੇ ਫ਼ੈਸਲੇ ਮੁਤਾਬਿਕ ਦਹਾਕਿਆਂ ਦੇ ਕਿਰਾਏਦਾਰਾਂ ਨੂੰ ਦੁਕਾਨਾਂ ਦੇ ਮਾਲਕਾਨਾ ਹੱਕ ਦੇਣ ਦੀ ਤਜਵੀਜ਼ ਹੈ, ਜਿਸ ਸਬੰਧੀ ਪਹਿਲਾਂ ਹੀ ਏਜੰਡਾ ਪਾਸ ਹੋ ਚੁੱਕਿਆ ਹੈ। ਮੀਟਿੰਗ ਦੌਰਾਨ ਸ਼ਾਮਲਾਟ ਜ਼ਮੀਨਾਂ ਦੇ ਮਾਲਕਾਨਾਂ ਹੱਕਾਂ, ਠੇਕਾ ਤੇ ਆਊਟ ਸ਼ੋਰਸਿੰਗ ਮੁਲਾਜ਼ਮਾਂ ਨੂੰ ਪੱਕੇ ਕਰਨ, ਇਕ ਆਰ.ਓ. ਦਾ ਮੁੱਦਾ ਕਾਫ਼ੀ ਭਖਿਆ ਰਿਹਾ। ਮੀਟਿੰਗ ਵਿਚ ਮੇਅਰ ਰਮਨ ਗੋਇਲ, ਸੀਨੀਅਰ ਡਿਪਟੀ ਮੇਅਰ ਅਸ਼ੋਕ ਕੁਮਾਰ, ਡਿਪਟੀ ਮੇਅਰ ਹਰਮੰਦਰ ਸਿੰਘ, ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਮੌਜੂਦ ਸਨ। ਪਰ ਜਗਗੁਰੂ ਸਿੰਘ ਗਿੱਲ, ਸੁਖਦੀਪ ਸਿੰਘ ਢਿੱਲੋਂ, ਵਿੱਕੀ ਸਮੇਤ ਦਰਜਨ ਦੇ ਕਰੀਬ ਕੌਂਸਲਰ ਮੀਟਿੰਗ 'ਚੋਂ ਗੈਰ ਹਾਜ਼ਰ ਰਹੇ। ਇਸ ਮੌਕੇ ਅਕਾਲੀ ਕੌਂਸਲਰ ਹਰਪਾਲ ਸਿੰਘ ਢਿੱਲੋਂ ਨੇ ਸ਼ਾਮਲਾਟ ਜ਼ਮੀਨਾਂ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਦਹਾਕਿਆਂ ਤੋਂ ਸ਼ਾਮਲਾਟ ਵਾਲੀ ਜਗ੍ਹਾ ਵਿਚ ਬੈਠੇ ਲੋਕਾਂ ਨੂੰ ਉਨ੍ਹਾਂ ਦੇ ਮਾਲਕਾਨਾ ਹੱਕ ਮਿਲਣੇ ਚਾਹੀਦੇ ਹਨ, ਉਨ੍ਹਾਂ ਤੋਂ ਪ੍ਰਤੀ ਗਜ਼ ਦੇ ਹਿਸਾਬ ਨਾਲ ਪੈਸਿਆਂ ਦੀ ਮੰਗ ਕਰਨੀ ਸਰਾਸਰ ਗਲਤ ਹੈ। ਢਿੱਲੋਂ ਨੇ ਕੱਚੇ ਮੁਲਾਜ਼ਮਾਂ ਦੀ ਗੱਲ ਕਰਦਿਆਂ ਕਿਹਾ ਕਿ ਇਕ ਪਾਸੇ 36 ਹਜ਼ਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਇਸ਼ਤਿਹਾਰੀ ਬੋਰਡ ਲਗਾਏ ਗਏ ਹਨ, ਦੂਜੇ ਪਾਸੇ ਕੱਚੇ ਮੁਲਾਜ਼ਮਾਂ ਤੇ ਆਊਟ ਸੋਰਸਿੰਗ ਕਰਮਚਾਰੀਆਂ ਨੂੰ ਅਜੇ ਵੀ ਨਗਰ ਨਿਗਮ ਅਧੀਨ ਕੰਟਰੈਕਟ ਬੇਸ 'ਤੇ ਲਿਆ ਜਾ ਰਿਹਾ, ਜਦੋਂਕਿ ਉਹ ਆਪਣਾ ਪਰਖ਼ਕਾਲ ਸਮਾਂ ਪਹਿਲਾਂ ਹੀ ਪੂਰਾ ਕਰ ਚੁੱਕੇ ਹਨ। ਇਸ ਲਈ ਕੱਚੇ ਮੁਲਾਜ਼ਮਾਂ ਨੂੰ ਸਿੱਧਾ ਨਗਰ ਨਿਗਮ ਅਧੀਨ ਰੈਗੂਲਰ ਕੀਤਾ ਜਾਵੇ। ਕਾਂਗਰਸੀ ਆਗੂ ਹਰਵਿੰਦਰ ਲੱਡੂ ਨੇ ਵਿਰੋਧ ਜਤਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਅਫ਼ਸਰ ਕਿਤੇ ਸੁਣਵਾਈ ਨਹੀਂ ਕਰ ਰਹੇ, ਜਿਸਦਾ ਉਨ੍ਹਾਂ ਨੂੰ ਚੋਣਾਂ 'ਚ ਨੁਕਸਾਨ ਝੱਲਣਾ ਪੈ ਸਕਦਾ। ਮੇਅਰ ਰਮਨ ਗੋਇਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਲੋਕ ਹਿੱਤ ਵਿਚ ਲਿਆਂਦੇ ਸਾਰੇ ਏਜੰਡੇ ਪਾਸ ਕੀਤੇ ਗਏ ਹਨ।

ਬਠਿੰਡਾ ਬੱਸ ਅੱਡੇ ਦੀ ਦਿੱਖ ਹੋਰ ਸੰਵਾਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ-ਰਾਜਾ ਵੜਿੰਗ

ਬਠਿੰਡਾ, 3 ਜਨਵਰੀ (ਸੱਤਪਾਲ ਸਿੰਘ ਸਿਵੀਆਂ)-ਬਠਿੰਡਾ ਅੱਡੇ ਦੀ ਦਿੱਖ ਨੂੰ ਹੋਰ ਸੰਵਾਰਨ 'ਚ ਗਰਾਂਟਾਂ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਹ ਪ੍ਰਗਟਾਵਾ ਟਰਾਂਸਪੋਰਟ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ